27-Nov-FZR-ABH-Pages.qxd 11/27/2025 10:01 PM Page 8

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 28 ਨਵੰਬਰ ਨੂੰ ਸ਼ਾਮ 4.00 ਤੋਂ 6.00 ਵਜੇ ਤੱਕ ਭਾਈ ਜਤਿੰਦਰਪਾਲ ਸਿੰਘ ਅਤੇ 29 ਨਵੰਬਰ ਨੂੰ ਸਵੇਰੇ 4.00 ਤੋਂ 6.00 ਵਜੇ ਤੱਕ ਭਾਈ ਜਗਤਾਰ ਸਿੰਘ ਰਾ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 28 ਨਵੰਬਰ ਨੂੰ ਸ਼ਾਮ 4.30 ਤੋਂ 6.30 ਵਜੇ ਤੱਕ ਭਾਈ ਜਤਿੰਦਰਪਾਲ ਸਿੰਘ ਤੇ ਭਾਈ ਜੁਝਾਰ ਸਿੰਘ ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' ਭਾਈ ਤਜਿੰਦਰ ਸਿੰਘ ਤੇ 29 ਨਵੰਬਰ ਨੂੰ ਸਵੇਰੇ 3.55 ਵਜੇ ਤੋਂ 7.45 ਵਜੇ ਤੱਕ ਭਾਈ ਜਗਤਾਰ ਸਿੰਘ ਰਾ ਤੇ ਭਾਈ ਨਵਨੀਤ ਸਿੰਘ ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.55 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 28 ਨਵੰਬਰ ਨੂੰ ਭਾਈ ਸਾਹਿਬ ਭਾਈ ਹਰਪਾਲ ਸਿੰਘ ਮੁੱਖ ਗ੍ਰੰਥੀ ਗੁ: ਸ੍ਰੀ ਫ਼ਤਹਿਗੜ੍ਹ ਸਾਹਿਬ ਤੇ 29 ਨਵੰਬਰ ਨੂੰ ਗਿਆਨੀ ਸੰਤੋਖ ਸਿੰਘ ਸੁਰਸਿੰਘ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਜਲਾਲਾਬਾਦ ਵਿਖੇ ਧਾਰਮਿਕ ਸਮਾਗਮ ਦੇ ਪਹਿਲੇ ਦਿਨ ਦੀਆਂ ਤਸਵੀਰਾਂ, ਕੀਰਤਨੀ ਜਥੇ ਕੀਰਤਨ ਕਰਦੇ ਤੇ ਹਾਜ਼ਰ ਸੰਗਤਾਂ। ਤਸਵੀਰਾਂ-ਹਰਪ੍ਰੀਤ ਸਿੰਘ ਪਰੂਥੀ

37ਵਾਂ ਦੁੱਖ ਨਿਵਾਰਨ ਕੈਂਪ ਤੇ ਨਾਮ ਜਾਪ ਕਥਾ ਕੀਰਤਨ ਸਮਾਗਮ ਸ਼ੁਰੂ

ਜਲਾਲਾਬਾਦ, 27 ਨਵੰਬਰ (ਹਰਪ੍ਰੀਤ ਸਿੰਘ ਪਰੂਥੀ)-ਧੰਨ-ਧੰਨ ਸ਼੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 37ਵਾਂ ਦੁੱਖ ਨਿਵਾਰਨ ਕੈਂਪ ਅਤੇ ਨਾਮੁ ਜਾਪੁ ਕਥਾ ਕੀਰਤਨ ਸਮਾਗਮ ਸਥਾਨਕ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਬੁੱਧਵਾਰ ਦੇਰ ਸ਼ਾਮ ਨੂੰ ਸ਼ੁਰੂ ਹੋ ਗਿਆ। ਇਸ ਸਮਾਗਮ ਦੇ ਪਹਿਲੇ ਦਿਨ ਹਜ਼ਾਰਾਂ ਦੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ, ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੋਈਆਂ ਅਤੇ ਗੁਰਬਾਣੀ ਸ਼ਬਦ ਕੀਰਤਨ ਗਾਇਣ ਕੀਤਾ। ਪਹਿਲੇ ਦਿਨ ਦੇ ਦੀਵਾਨ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਨਾਲ ਆਰੰਭ ਹੋਏ, ਇਸ ਉਪਰੰਤ ਭਾਈ ਨਿਰਮਲ ਸਿੰਘ ਹਜ਼ੂਰੀ ਰਾਗੀ ਜਥਾ ਵੱਲੋਂ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਦੇ ਬਾਅਦ ਬਾਹਰੋਂ ਆਏ ਕੀਰਤਨੀ ਜਥੇ ਵਿਚੋਂ ਭਾਈ ਦਵਿੰਦਰ ਸਿੰਘ ਜੀ ਸੁਹਾਣਾ ਸਾਹਿਬ ਵਾਲੇ ਵਲੋਂ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਅਤੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ਬਾਣੀ ਵਿਚ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਇਸ ਤੋਂ ਬਾਅਦ ਭਾਈ ਹਰਮਿੰਦਰ ਸਿੰਘ ਜੀ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਵਾਲਿਆਂ ਵੱਲੋਂ ਨੌਵੇਂ ਪਾਤਸ਼ਾਹ ਦੇ ਜੀਵਨ ਅਤੇ ਸ਼ਹੀਦੀ ਸਬੰਧੀ ਸੰਗਤਾਂ ਨੂੰ ਇਤਿਹਾਸ ਸੁਣਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਜਲਾਲਾਬਾਦ ਦੀ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰ ਸ. ਸੰਪੂਰਨ ਸਿੰਘ ਨੇ ਦੱਸਿਆ ਕਿ ਪਿਛਲੇ 36 ਸਾਲਾਂ ਤੋਂ ਗੁਰਦੁਆਰਾ ਸਾਹਿਬ ਵਿਖੇ ਹਰ ਸਾਲ ਨਾਮ ਜਾਪ ਕਥਾ ਕੀਰਤਨ ਸਮਾਗਮ ਕਰਵਾਇਆ ਜਾਂਦਾ ਹੈ। ਇਹ ਸਮਾਗਮ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮਿਤੀ 26 ਨਵੰਬਰ ਤੋਂ 30 ਨਵੰਬਰ ਤੱਕ ਚੱਲੇਗਾ। ਜਿਸ ਵਿਚ ਇਲਾਕੇ ਦੇ ਨਾਲ ਨਾਲ ਦੂਰ ਦੁਰਾਡੇ ਤੋਂ ਵੀ ਸੰਗਤਾਂ ਆ ਕੇ ਗੁਰੂ ਚਰਨਾਂ ਨਾਲ ਜੁੜਦੀਆਂ ਹਨ ਅਤੇ ਵੱਖ-ਵੱਖ ਮਹਾਨ ਕੀਰਤਨੀ ਜਥੇ ਅਤੇ ਕਥਾ ਵਾਚਕ ਪਹੁੰਚ ਕੇ ਸੰਗਤਾਂ ਨੂੰ ਗੁਰੂ ਜਸ ਅਤੇ ਕਥਾ ਕੀਰਤਨ ਰਾਹੀਂ ਨਿਹਾਲ ਕਰਦੇ ਹਨ। ਅੱਜ ਦੇ ਸਮਾਗਮ ਦੇ ਸਮਾਪਤੀ ਦੌਰਾਨ ਵੱਖ-ਵੱਖ ਸ਼ਖ਼ਸੀਅਤਾਂ, ਆਏ ਹੋਏ ਕੀਰਤਨੀ ਜਥੇ ਅਤੇ ਕਥਾਵਾਚਕਾਂ ਨੂੰ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਰਜੀਤ ਸਿੰਘ ਦਰਗਨ, ਚਰਨਜੀਤ ਸਿੰਘ, ਲਾਡੀ ਦਰਗਨ, ਜਸਵਿੰਦਰ ਸਿੰਘ ਧਮੀਜਾ, ਸੁਖਪ੍ਰੀਤ ਸਿੰਘ ਖੁਰਾਨਾ, ਅੰਮ੍ਰਿਤਪਾਲ ਸਿੰਘ ਨੀਲਾ, ਗੁਰਵਿੰਦਰ ਸਿੰਘ, ਗੁਰਵਿੰਦਰ ਸਿੰਘ ਮਦਾਨ, ਸੁਦਰਸ਼ਨ ਸਿੰਘ ਕੁੱਕੜ, ਮਿੱਟੂ ਕਮਰਾ, ਕਾਲੂ ਕੁੱਕੜ, ਪਿੰਕੂ ਕਾਲੜਾ, ਗੁਰਪ੍ਰੀਤ ਸਿੰਘ ਸੋਨੀ, ਹਰਿੰਦਰ ਸਿੰਘ ਡਿੰਪਲ ਕਮਰਾ, ਗੁਰਦੀਪ ਸਿੰਘ ਤਨੇਜਾ, ਜਤਿੰਦਰ ਸਿੰਘ ਮਿੱਠੂ, ਕਵਲਪ੍ਰੀਤ ਸਿੰਘ ਕਮਰਾ, ਤਰਨਦੀਪ ਸਿੰਘ ਦਰਗਨ, ਸਾਹਿਬ ਸਿੰਘ ਆਦਿ ਨੇ ਸੇਵਾ ਨਿਭਾਈ ਨੇ ਸੇਵਾ ਨਿਭਾਈ।

ਪਹਿਲੇ ਦਿਨ ਗਿਆਨੀ ਗੁਰਮਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਿਆ

ਰਾਸ਼ਟਰੀ ਬਾਲ ਵਿਗਿਆਨਿਕ ਪ੍ਰਦਰਸ਼ਨੀ 'ਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਬੂਲ ਸ਼ਾਹ ਖੁੱਬਣ ਅਤੇ ਸਰਕਾਰੀ ਹਾਈ ਸਕੂਲ ਝੋਕ ਡਿਪੂਲਾਣਾ ਦਾ ਸ਼ਾਨਦਾਰ ਪ੍ਰਦਰਸ਼ਨ

ਫ਼ਾਜ਼ਿਲਕਾ, 27 ਨਵੰਬਰ (ਦਵਿੰਦਰ ਪਾਲ ਸਿੰਘ)-ਜ਼ਿਲ੍ਹਾ ਸਿੱਖਿਆ ਅਫ਼ਸਰ ਸਕੈਂਡਰੀ ਅਜੇ ਕੁਮਾਰ ਸ਼ਰਮਾ ਦੀ ਅਗਵਾਈ ਵਿਚ ਫ਼ਾਜ਼ਿਲਕਾ ਜ਼ਿਲ੍ਹੇ ਦੇ ਬਲਾਕ ਖੂਈਆਂ ਸਰਵਰ ਵਿਚ ਸਥਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਬੂਲ ਸ਼ਾਹ ਖੁੱਬਣ ਅਤੇ ਬਲਾਕ ਫ਼ਾਜ਼ਿਲਕਾ1 ਵਿਚ ਸਥਿਤ ਸਰਕਾਰੀ ਹਾਈ ਸਕੂਲ ਝੋਕ ਡਿਪੂਲਾਣਾ ਨੇ ਇਸ ਸਾਲ ਰਿਜਨਲ ਇੰਸਟੀਚਿਊਟ ਆਫ਼ ਐਜੂਕੇਸ਼ਨ ਭੋਪਾਲ ਵਿਚ ਆਯੋਜਿਤ 52ਵੀਂ ਰਾਸ਼ਟਰੀ ਬਾਲ ਵਿਗਿਆਨਿਕ ਪ੍ਰਦਰਸ਼ਨੀ ਵਿਚ ਜ਼ਿਲ੍ਹਾ ਫ਼ਾਜ਼ਿਲਕਾ ਤੋਂ ਦੋ ਮਾਡਲ ਰਾਸ਼ਟਰੀ ਪੱਧਰ ਲਈ ਚੁਣੇ ਗਏ ਹਨ, ਜਿਸ ਨਾਲ ਪੂਰੇ ਜ਼ਿਲ੍ਹੇ ਦਾ ਮਾਣ ਵਧਿਆ ਹੈ। ਸਰਕਾਰੀ ਹਾਈ ਸਕੂਲ ਝੋਕ ਡਿਪੂਲਾਣਾ ਵਲੋਂ "ਵੇਸਟ ਮੈਨੇਜਮੈਂਟ"ਥੀਮ ਹੇਠ "ਈਕੋ-ਫਰੈਂਡਲੀ ਸਿਟੀ"ਨਾਮਕ ਮਾਡਲ ਪ੍ਰਦਰਸ਼ਿਤ ਕੀਤਾ ਗਿਆ। ਇਸ ਵਿਚ ਵਿਦਿਆਰਥੀਆਂ ਨੇ ਵੱਖ-ਵੱਖ ਕਿਸਮ ਦੇ ਕੂੜੇ ਨੂੰ ਵਿਗਿਆਨਕ ਢੰਗ ਨਾਲ ਸੰਭਾਲ ਕੇ ਸ਼ਹਿਰ ਨੂੰ ਜ਼ੀਰੋ ਟਰੈਸ਼ ਸਿਟੀ ਬਣਾਉਣ ਦੀ ਪ੍ਰਕਿਰਿਆ ਦਰਸਾਈ। ਇਹ ਮਾਡਲ ਵਿਦਿਆਰਥਣ ਜਸਪ੍ਰੀਤ ਕੌਰ ਅਤੇ ਰਜਨੀਸ਼ ਸਿੰਘ ਵਲੋਂ ਪੇਸ਼ ਕੀਤਾ ਗਿਆ, ਜਿਨ੍ਹਾਂ ਦੇ ਗਾਈਡ ਅਧਿਆਪਕ ਸ਼ਿਵਮ ਵਿਖਾਣਾ ਸਨ। ਇਸ ਮੌਕੇ ਸਕੂਲ ਪ੍ਰਿੰਸੀਪਲ ਰਿੰਪਲ ਰਹੇਜਾ ਵਲੋਂ ਕਿਹਾ ਗਿਆ ਕਿ ਸਕੂਲ ਦੇ ਵਿਦਿਆਰਥੀਆਂ ਤੇ ਗਾਈਡ ਅਧਿਆਪਕਾਂ ਨੇ ਸਕੂਲ ਦੇ ਨਾਮ ਨੂੰ ਰਾਸ਼ਟਰੀ ਪੱਧਰ ਤੇ ਚਮਕਾਇਆ ਹੈ ਤੇ ਸਾਨੂੰ ਅਤੇ ਪੂਰੇ ਜ਼ਿਲ੍ਹੇ ਨੂੰ ਇਸ ਤੇ ਮਾਣ ਹੈ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਬੂਲ ਸ਼ਾਹ ਖੁਬਣ ਵਲੋਂ "ਨੇਚਰਲ ਫਾਰਮਿੰਗ"ਥੀਮ ਹੇਠ ਮਾਡਲ ਪੇਸ਼ ਕੀਤਾ ਗਿਆ। ਜਿਸ ਵਿਚ ਸਥਿਰ ਅਤੇ ਕੁਦਰਤੀ ਖੇਤੀਬਾੜੀ ਦੇ ਤਰੀਕਿਆਂ ਨੂੰ ਦਰਸਾਇਆ ਗਿਆ। ਇਹ ਮਾਡਲ ਵਿਦਿਆਰਥੀ ਕਰਨਵੀਰ ਅਤੇ ਅਨਮੋਲਪ੍ਰੀਤ ਸਿੰਘ ਵਲੋਂ ਤਿਆਰ ਕੀਤਾ ਗਿਆ, ਜਿਨ੍ਹਾਂ ਦੀ ਗਾਈਡ ਅਧਿਆਪਕਾ ਸ਼੍ਰੀਮਤੀ ਮਨਵਿੰਦਰ ਕੌਰ ਸਨ। ਇਸ ਮੌਕੇ ਸਕੂਲ ਪ੍ਰਿੰਸੀਪਲ ਡਾ.ਨਵਜੀਤ ਕੌਰ ਸਰਾਂ ਵਲੋ ਕਿਹਾ ਗਿਆ ਕਿ ਸਕੂਲ ਦੇ ਵਿਦਿਆਰਥੀਆਂ ਤੇ ਗਾਈਡ ਅਧਿਆਪਕਾਂ ਨੇ ਸਕੂਲ ਦੇ ਨਾਮ ਨੂੰ ਰਾਸ਼ਟਰੀ ਪੱਧਰ ਤੇ ਚਮਕਾਇਆ ਹੈ ਤੇ ਸਾਨੂੰ ਅਤੇ ਪੂਰੇ ਜ਼ਿਲ੍ਹੇ ਨੂੰ ਇਸ ਤੇ ਮਾਣ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿੱਖਿਆ ਅਫ਼ਸਰ ਸਕੈਂਡਰੀ ਅਜੇ ਕੁਮਾਰ ਸ਼ਰਮਾ ਵੱਲੋਂ ਦੱਸਿਆ ਗਿਆ ਕਿ ਦੋਵੇਂ ਮਾਡਲਾਂ ਦੀ ਚੋਣ ਰਾਸ਼ਟਰੀ ਪੱਧਰ ਹੋਣ 'ਤੇ ਜ਼ਿਲ੍ਹਾ ਫ਼ਾਜ਼ਿਲਕਾ ਦੀ ਵਿਗਿਆਨਕ ਪ੍ਰਤਿਭਾ ਅਤੇ ਨਵੀਂ ਸੋਚ ਦਾ ਸਪਸ਼ਟ ਸਬੂਤ ਹੈ। ਦੋਵੇਂ ਟੀਮਾਂ ਨੇ ਰਾਸ਼ਟਰੀ ਬਾਲ ਵਿਗਿਆਨਿਕ ਪ੍ਰਦਰਸ਼ਨੀ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਪੂਰੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ। ਇਨ੍ਹਾਂ ਸਕੂਲ ਦੇ ਮਾਡਲ ਨੇ ਪਹਿਲਾਂ ਪੰਜਾਬ ਸਟੇਟ ਲੈਵਲ 'ਤੇ ਆਯੋਜਿਤ ਰਾਜ ਪੱਧਰੀ ਵਿਗਿਆਨ ਪ੍ਰਦਰਸ਼ਨੀ 2024-25 ਤਹਿਤ ਖ਼ਾਲਸਾ ਕਾਲਜ ਅੰਮ੍ਰਿਤਸਰ ਵਿਚ ਤੀਜਾ ਸਥਾਨ ਹਾਸਲ ਕੀਤਾ ਸੀ। ਰਾਸ਼ਟਰੀ ਬਾਲ ਵਿਗਿਆਨਿਕ ਪ੍ਰਦਰਸ਼ਨੀ ਰਿਜਨਲ ਇੰਸਟੀਚਿਊਟ ਆਫ਼ ਐਜੂਕੇਸ਼ਨ, ਭੋਪਾਲ ਵਿਚ ਆਯੋਜਿਤ ਕੀਤੀ ਗਈ। ਇਸ ਦੇ ਸਮਾਪਨ ਸਮਾਰੋਹ ਵਿਚ ਕਈ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ, ਜਿਨ੍ਹਾਂ ਵਿਚ ਸੰਜੇ ਕੁਮਾਰ, ਹਿਮਾਂਸ਼ੂ ਗੁਪਤਾ, ਪ੍ਰੋ. ਦਿਨੇਸ਼ ਪ੍ਰਸਾਦ ਸਾਕਲਾਨੀ, ਡਾ. ਮੋਹਨ ਯਾਦਵ, ਉਦੇ ਪ੍ਰਤਾਪ ਸਿੰਘ ਅਤੇ ਸਾਬਕਾ ਸਿੱਖਿਆ ਮੰਤਰੀ ਕੁੰਵਰ ਵਿਜੈ ਸ਼ਾਹ ਸ਼ਾਮਲ ਸਨ। ਇਨ੍ਹਾਂ ਦੀ ਮੌਜੂਦਗੀ ਵਿਚ ਮਨਵਿੰਦਰ ਕੌਰ, ਕਰਨਵੀਰ ਅਤੇ ਅਨਮੋਲ ਪ੍ਰੀਤ ਸਿੰਘ ਨੂੰ ਮੰਚ 'ਤੇ ਵਿਸ਼ੇਸ਼ ਸਨਮਾਨ ਦਿੱਤਾ ਗਿਆ। ਇਸ ਮੌਕੇ 'ਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸਤੀਸ਼ ਕੁਮਾਰ, ਸਮੂਹ ਬੀ.ਐਨ.ਓ, ਸਮੂਹ ਬੀ.ਪੀ.ਈ.ਓ, ਸਕੂਲ ਮੁਖੀਆ ਅਤੇ ਅਧਿਆਪਕਾਂ ਵਲੋਂ ਇਨ੍ਹਾਂ ਨਿੱਕੇ ਵਿਗਿਆਨੀਆਂ ਅਤੇ ਉਨ੍ਹਾਂ ਦੇ ਗਾਈਡ ਅਧਿਆਪਕਾਂ ਨੂੰ ਵਧਾਈਆਂ ਦਿੱਤੀਆਂ।

ਜੇਤੂ ਵਿਦਿਆਰਥੀ ਸਕੂਲ ਪ੍ਰਬੰਧਕਾਂ ਨਾਲ। ਅਜੀਤ ਤਸਵੀਰ

ਗਾਡਵਿਨ ਪਬਲਿਕ ਸਕੂਲ ਘੱਲੂ ਦੇ ਵਿਦਿਆਰਥੀਆਂ ਨੇ ਇਕ ਵਾਰ ਫਿਰ ਕੌਮੀ ਪੱਧਰ 'ਤੇ ਚਮਕਾਇਆ ਫ਼ਾਜ਼ਿਲਕਾ ਦਾ ਨਾਂਅ

ਫ਼ਾਜ਼ਿਲਕਾ, 27 ਨਵੰਬਰ (ਅਮਰਜੀਤ ਸ਼ਰਮਾ)-ਗਾਡਵਿਨ ਪਬਲਿਕ ਸਕੂਲ ਘੱਲੂ ਦੇ ਵਿਦਿਆਰਥੀਆਂ ਨੇ ਇਕ ਵਾਰ ਫਿਰ ਕੌਮੀ ਪੱਧਰ 'ਤੇ ਸਕੂਲ, ਮਾਪਿਆਂ ਤੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ। ਜਾਣਕਾਰੀ ਅਨੁਸਾਰ, ਗਾਡਵਿਨ ਪਬਲਿਕ ਸਕੂਲ ਘੱਲੂ ਦੇ ਪ੍ਰਤਿਭਾਵਾਨ ਵਿਦਿਆਰਥੀਆਂ ਨੇ ਏ.ਏ.ਐਫ਼.ਟੀ. ਸਕੂਲ ਆਫ਼ ਮਿਊਜ਼ਿਕ ਐਂਡ ਐਕਟਿੰਗ (ਏਸ਼ੀਅਨ ਅਕੈਡਮੀ ਆਫ਼ ਫ਼ਿਲਮ ਐਂਡ ਟੈਲੀਵਿਜ਼ਨ), ਨੋਇਡਾ ਫ਼ਿਲਮ ਸਿਟੀ ਵਿਖੇ ਆਯੋਜਿਤ ਵਿਸ਼ੇਸ਼ ਪ੍ਰੋਗਰਾਮ 'ਚ ਮੈਡਮ ਲਖਵਿੰਦਰ ਕੌਰ ਬਰਾੜ ਦੀ ਅਗਵਾਈ ਤੇ ਪ੍ਰਿੰਸੀਪਲ ਅਭਿਲੇਖ ਸ਼ਰਮਾ ਦੇ ਮਾਰਗਦਰਸ਼ਨ ਹੇਠ ਹਿੱਸਾ ਲਿਆ। ਸਮਾਗਮ 'ਚ ਫ਼ਾਜ਼ਿਲਕਾ ਜ਼ਿਲ੍ਹੇ ਵਿਚ ਸਰਹੱਦ 'ਤੇ ਸਥਿਤ ਗਾਡਵਿਨ ਪਬਲਿਕ ਸਕੂਲ ਘੱਲੂ ਦੇ ਵਿਦਿਆਰਥੀਆਂ ਦੀਆਂ ਵਿਲੱਖਣ ਪ੍ਰਾਪਤੀਆਂ ਦਾ ਵਿਸ਼ੇਸ਼ ਜ਼ਿਕਰ ਕਰਦਿਆਂ ਖ਼ੂਬ ਪ੍ਰਸ਼ੰਸਾ ਕੀਤੀ ਗਈ। ਇਸ ਪ੍ਰੋਗਰਾਮ ਵਿਚ ਪ੍ਰਸਿੱਧ ਲੋਕ ਗਾਇਕ ਡਾ. ਨੀਤੂ ਕੁਮਾਰੀ ਨੂਤਨ, ਪਦਮਸ਼੍ਰੀ ਕਮਲਿਨੀ ਅਸਥਾਨਾ, ਸੰਦੀਪ ਮਾਰਵਾਹ, ਚੇਅਰਮੈਨ ਨੋਇਡਾ ਫ਼ਿਲਮ ਸਿਟੀ ਅਤੇ ਡਾ. ਰਾਜ ਕੇ. ਪੀ. ਸਿਨਹਾ ਨੈਸ਼ਨਲ ਕਮਿਸ਼ਨਰ, ਭਾਰਤ, ਐਸ.ਜੀ.ਓ. ਨਵੀਂ ਦਿੱਲੀ ਦੀ ਵਿਸ਼ੇਸ਼ ਹਾਜ਼ਰੀ ਰਹੀ। ਪਦਮਸ਼੍ਰੀ ਕਮਲਿਨੀ ਅਸਥਾਨਾ ਨੇ ਪ੍ਰੋਗਰਾਮ ਵਿਚ ਖ਼ਾਸ ਤੌਰ 'ਤੇ ਗਾਡਵਿਨ ਪਬਲਿਕ ਸਕੂਲ ਘੱਲੂ ਦੇ ਵਿਦਿਆਰਥੀਆਂ ਦੀ ਪ੍ਰਤਿਭਾ ਦੀ ਤਾਰੀਫ਼ ਕਰਦਿਆਂ ਕਿਹਾ ਕਿ ਸਰਹੱਦੀ ਖੇਤਰ ਤੋਂ ਕੌਮੀ ਮੰਚ 'ਤੇ ਆਪਣੀ ਪਛਾਣ ਬਣਾਉਣਾ ਅਤਿਅੰਤ ਸ਼ਲਾਘਾਯੋਗ ਪ੍ਰਾਪਤੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਉੱਜਵਲ ਭਵਿੱਖ ਲਈ ਸ਼ੁੱਭਕਾਮਨਾਵਾਂ ਵੀ ਦਿੱਤੀਆਂ। ਇਸ ਮੌਕੇ 'ਤੇ ਵਿਦਿਆਰਥਣਾਂ ਰਿਪੁਦਮਨ ਕੌਰ, ਰਕਸ਼ਿਤਾ, ਕੋਮਲ, ਕ੍ਰਿਤਿਕਾ, ਤਨਵੀਰ ਕੌਰ, ਆਰਵ, ਅਨਹਦ ਕੌਰ, ਅਭਿਨੂਰ ਕੌਰ, ਚਰਨ ਕੰਵਲ ਸਿੰਘ, ਰਾਧਿਕਾ, ਹੁਸਨਪ੍ਰੀਤ ਕੌਰ ਅਤੇ ਅਭਿਲਾਸ਼ਾ ਨੇ ਆਪਣੀਆਂ-ਆਪਣੀਆਂ ਪ੍ਰਾਪਤੀਆਂ ਦੇ ਬਲ 'ਤੇ ਪ੍ਰਭਾਵਸ਼ਾਲੀ ਭਾਗੀਦਾਰੀ ਦਰਜ ਕਰਵਾਈ। ਇਸ ਮੌਕੇ 'ਤੇ ਪ੍ਰਿੰਸੀਪਲ ਅਭਿਲੇਖ ਸ਼ਰਮਾ ਨੇ ਦੱਸਿਆ ਕਿ ਗਾਡਵਿਨ ਪਬਲਿਕ ਸਕੂਲ ਦੇ ਪ੍ਰਬੰਧਕੀ ਨਿਰਦੇਸ਼ਕ ਜਗਜੀਤ ਸਿੰਘ ਬਰਾੜ, ਪ੍ਰਬੰਧਕੀ ਕਮੇਟੀ ਮੈਂਬਰ ਮੈਡਮ ਲਖਵਿੰਦਰ ਕੌਰ ਬਰਾੜ ਅਤੇ ਪ੍ਰਬੰਧਕੀ ਕਮੇਟੀ ਮੈਂਬਰ ਐਡਵੋਕੇਟ ਮਨਿੰਦਰ ਸਿੰਘ ਸਰਾਂ ਵਿਦਿਆਰਥੀਆਂ ਨੂੰ ਲਗਾਤਾਰ ਉਤਸ਼ਾਹਿਤ ਕਰਦੇ ਹਨ ਅਤੇ ਉਨ੍ਹਾਂ ਨੂੰ ਉੱਚ ਪੱਧਰੀ ਮੰਚਾਂ ਤੱਕ ਪਹੁੰਚਣ ਦੇ ਮੌਕੇ ਪ੍ਰਦਾਨ ਕਰਦੇ ਹਨ। ਪ੍ਰਬੰਧਕੀ ਨਿਰਦੇਸ਼ਕ ਜਗਜੀਤ ਸਿੰਘ ਬਰਾੜ ਨੇ ਕਿਹਾ ਕਿ ਵਿਦਿਆਰਥੀਆਂ ਦੀ ਇਹ ਪ੍ਰਾਪਤੀ ਸਕੂਲ, ਜ਼ਿਲ੍ਹੇ ਅਤੇ ਸਮੁੱਚੇ ਖੇਤਰ ਲਈ ਮਾਣ ਦਾ ਪਲ ਹੈ। ਉਨ੍ਹਾਂ ਕਿ